# ਪੁਲਿਸ ਵਲੋਂ 15 ਗ੍ਰਾਮ ਹੈਰੋਇਨ ਸਮੇਤ 2 ਕਾਬੂ



ਥਾਣਾ ਸਿਟੀ ਮਲੋਟ ਪੁਲਿਸ ਵਲੋਂ 15 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਵਿਅਕਤੀ। ਤਸਵੀਰ : ਪਾਟਿਲ

ਮਲੋਟ, 27 ਅਕਤੂਬਰ (ਪਾਟਿਲ)- ਡੀ.ਐੱਸ.ਪੀ. ਮਲੋਟ ਫ਼ਤਿਹ ਸਿੰਘ ਬਰਾੜ ਦੀ ਨਿਗਰਾਨੀ ਹੇਠ ਸਬ ਇੰਸਪੈਕਟਰ ਕਰਮਜੀਤ ਸਿੰਘ ਇੰਚਾਰਜ ਸੀ.ਆਈ.ਏ.-2 (ਮਲੋਟ) ਅਤੇ ਪੁਲਿਸ ਪਾਰਟੀ ਵਲੋਂ ਦੋ ਵਿਅਕਤੀਆਂ ਨੂੰ 15 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਜਾਣਕਾਰੀ ਅਨੁਸਾਰ ਐੱਸ.ਆਈ. ਜਗਸੀਰ ਸਿੰਘ ਸੀ.ਆਈ.ਏ. ਸਟਾਫ਼ ਸਮੇਤ ਪੁਲਿਸ ਪਾਰਟੀ ਵਲੋਂ ਸ਼ੱਕੀ ਵਿਅਕਤੀਆਂ ਦੇ ਸੰਬੰਧ ਵਿਚ ਗਸ਼ਤ ਵਾ ਚੈਕਿੰਗ ਦੌਰਾਨ ਫ਼ੋਕਲ ਪੁਆਇੰਟ ਦਾਨੇਵਾਲਾ ਮੌਜੂਦ ਸੀ, ਤਾਂ ਸ਼ੱਕ ਦੇ ਆਧਾਰ 'ਤੇ ਦੋ ਵਿਅਕਤੀਆਂ ਦਾ ਨਾਂਅ ਪਤਾ ਪੁੱਛਿਆ ਜਿਨ੍ਹਾਂ ਨੇ ਆਪਣਾ ਨਾਂਅ ਸਾਹਿਲ ਉਰਫ਼ ਰਾਹੁਲ ਪੁੱਤਰ ਜੋਗਿੰਦਰ ਸਿੰਘ ਅਤੇ ਪੁਨਾਵ ਨਾਗਪਾਲ ਪੁੱਤਰ ਸੰਦੀਪ ਕੁਮਾਰ ਵਾਸੀਆਨ ਮਲੋਟ ਦੱਸਿਆ। ਪੁਲਿਸ ਪਾਰਟੀ ਵਲੋਂ ਸ਼ੱਕ ਦੇ ਆਧਾਰ 'ਤੇ ਉਨ੍ਹਾਂ ਦੇ ਸਾਮਾਨ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਪਾਸੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ 'ਤੇ ਪੁਲਿਸ ਨੇ ਥਾਣਾ ਸਿਟੀ ਮਲੋਟ ਵਿਖੇ ਮਾਮਲਾ ਦਰਜ ਕਰਕੇ ਦੋਵਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜਿਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ।